# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 07-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪਿਛਲੇ 11 ਸਾਲਾਂ ਵਿਚ ਦੇਸ਼ ਵਿਚ ਸ਼ਾਨਦਾਰ ਤਬਦੀਲੀ ਆਈ ਏ। ਉਨ੍ਹਾਂ ਕਿਹਾ ਕਿ ਮਹੱਤਵਪੂਰਨ ਯਤਨਾਂ ਨੇ ਔਰਤਾਂ, ਨੌਜਵਾਨਾਂ ਤੇ ਕਿਸਾਨਾਂ ਨੂੰ ਮਜ਼ਬੂਤ ਬਣਾਇਆ ਏ ਅਤੇ 25 ਕਰੋੜ ਤੋਂ ਵੱਧ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਿਆ ਗਿਆ ਏ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ, ਅੰਤਰਰਾਸ਼ਟਰੀ ਅਰਥਚਾਰੇ ਵਿਚ ਮਹੱਤਵਪੂਰਨ ਥਾਂ ਰੱਖਦਾ ਏ। ਦੇਸ਼ ਵਿਚ ਵੱਡੀਆਂ ਸਿਹਤ ਸੰਭਾਲ ਤੇ ਸਮਾਜਿਕ ਸੁਰੱਖਿਆ ਯੋਜਨਾਵਾਂ ਚੱਲ ਰਹੀਆਂ ਨੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਵਿਆਪਕ ਸੁਧਾਰ ਕੀਤੇ ਨੇ, ਸਰਕਾਰ ਦਾ ਉਦੇਸ਼ ਦੇਸ਼ ਨੂੰ ਸਾਰੇ ਖੇਤਰਾਂ ਵਿਚ ਸਵੈ-ਨਿਰਭਰ ਬਣਾਉਣਾ ਏ, ਜਿਸ ਵਿਚ ਮਾਣ ਨਾਲ ਕਹਿਣ ਦਾ ਸੱਦਾ ਦਿੱਤਾ ਗਿਆ ਏ ਕਿ "ਇਹ ਸਵਦੇਸ਼ੀ ਏ। ਪ੍ਰਧਾਨ ਮੰਤਰੀ ਮੋਦੀ ਨੇ ਸਰਕਾਰ ਦੇ ਮੁਖੀ ਵਜੋਂ ਰਾਸ਼ਟਰ ਦੀ ਸੇਵਾ ਦੇ ਆਪਣੇ 25ਵੇਂ ਸਾਲ ਵਿਚ ਪ੍ਰਵੇਸ਼ ਕਰਨ 'ਤੇ ਲੋਕਾਂ ਦਾ ਧੰਨਵਾਦ ਕੀਤਾ

ਏ। ਉਨ੍ਹਾਂ ਨੇ ਇਸ ਮੌਕੇ ਦੇਸ਼ ਵਿਚ ਚੱਲ ਰਹੀਆਂ ਲੋਕ-ਪੱਖੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ।

-----------------------------------------------------------------------------

ਭਗਵਾਨ ਵਾਲਮੀਕਿ ਜੀ ਦਾ ਪ੍ਰਗਟ ਦਿਵਸ ਅੱਜ ਦੇਸ਼ ਭਰ ਵਿਚ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਸਬੰਧ ਵਿਚ ਵੱਖ-ਵੱਖ ਸਥਾਨਾਂ 'ਤੇ ਸ਼ੋਭਾ ਯਾਤਰਾਵਾਂ ਕੱਢੀਆਂ ਜਾ ਰਹੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਰਾਸ਼ਟਰਪਤੀ ਦ੍ਰੋਪਦੀ, ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਏ ਕਿ ਆਦਿਕਵੀ ਵਾਲਮੀਕਿ ਜੀ ਵੱਲੋਂ ਰਚਿਤ ਰਾਮਾਇਣ ਨੇ ਮਨੁੱਖੀ ਸਮਾਜ ਨੂੰ ਭਗਵਾਨ ਸ੍ਰੀ ਰਾਮ ਦੀ ਪ੍ਰੇਰਣਾਦਾਇਕ ਕਹਾਣੀ ਤੇ ਆਦਰਸ਼ਕ ਮੁੱਲਾਂ ਦੀ ਵਿਰਾਸਤ ਪ੍ਰਦਾਨ ਕੀਤੀ ਏ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ  ਇਸ ਦਿਹਾੜੇ ਦੀ ਲੋਕਾਂ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਭਗਵਾਨ ਵਾਲਮੀਕਿ ਦੀਆਂ ਸਿੱਖਿਆਵਾਂ ਸਦੀਵੀ ਮਹੱਤਤਾ ਵਾਲੀਆਂ ਨੇ ਅਤੇ ਆਦਰਸ਼ ਸਮਾਜ ਉਸਾਰਨ ਦਾ ਸੁਨੇਹਾ ਦਿੰਦੀਆਂ ਨੇ।

----------------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਏ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਦਿਵਸ ਨੂੰ ਮਨਾਉਣ ਲਈ ਪ੍ਰਬੰਧ ਤੇਜ਼ ਕਰ ਦਿੱਤੇ ਗਏ ਨੇ। ਤਿਆਰੀਆਂ ਦਾ ਜਾਇਜ਼ਾ ਲੈਣ ਲਈ ਬੈਂਸ ਦੀ ਅਗਵਾਈ ਵਾਲੀ ਕੈਬਨਿਟ ਮੰਤਰੀਆਂ ਦੀ ਟੀਮ ਪੰਜਾਬ ਵਿਚ ਕੱਢੇ ਜਾ ਰਹੇ ਚਾਰ ਮੁੱਖ ਨਗਰ ਕੀਰਤਨਾਂ ਲਈ ਤੈਅਸ਼ੁਦਾ ਰੂਟਾਂ ਦਾ ਆਉਂਦੀ 8 ਨਵੰਬਰ ਤੋਂ ਜਾਇਜਾ ਲੈਣਾ ਸ਼ੁਰੂ ਕਰੇਗੀ। ਮੰਤਰੀ ਬੈਂਸ ਨੇ ਦੱਸਿਆ ਕਿ ਸਮਾਗਮ 25 ਅਕਤੂਬਰ ਨੂੰ ਦਿੱਲੀ ਦੇ ਗੁਰਦੁਆਰਾ ਸੀਸਗੰਜ ਸਾਹਿਬ ਤੋਂ ਅਰਦਾਸ ਨਾਲ ਆਰੰਭ ਹੋਣਗੇ, ਜਿਸ ਤੋਂ ਬਾਅਦ ਉਸੇ ਸ਼ਾਮ ਨੂੰ ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਕੀਰਤਨ ਦਰਬਾਰ ਹੋਣਗੇ। ਸਿੱਖਿਆ ਮੰਤਰੀ ਬੈਂਸ ਨੇ ਦੱਸਿਆ ਕਿ ਚਾਰ ਨਗਰ ਕੀਰਤਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ੁਰੂ ਹੋ ਕੇ 22 ਨਵੰਬਰ ਦੀ ਸ਼ਾਮ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੂਰਨ ਹੋਣਗੇ।

----------------------------------------------------------------------------------

ਅੰਮ੍ਰਿਤਸਰ ਦੇ ਨਿਊ ਅੰਮ੍ਰਿਤਸਰ ਇਲਾਕੇ ਨੇੜੇ ਵਾਪਰੇ ਸੜਕ ਹਾਦਸੇ ਵਿਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ ਏ ਜਦਕਿ ਇਕ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਏ। ਇਹ ਦਰਦਨਾਕ ਹਾਦਸਾ ਉਸ ਵੇਲੇ ਵਾਪਰਿਆ, ਜਦੋਂ ਬਾਬਾ ਬੁੱਢਾ ਸਾਹਿਬ ਦੇ ਮੇਲੇ ਤੋਂ ਆ ਰਹੀ ਬੱਸ ਦੀ ਛੱਤ

’ਤੇ ਬੈਠੇ ਸ਼ਰਧਾਲੂ, ਬੀ.ਆਰ.ਟੀ.ਐੱਸ. ਲੇਨ ਵਿਚ ਬਣੇ ਲੈਂਟਰ ਨਾਲ ਟਕਰਾਅ ਗਏ। ਬੱਸ ਵਿਚ ਮੁਕਤਸਰ ਸਾਹਿਬ ਤੋਂ ਅੰਮ੍ਰਿਤਸਰ ਬਾਬਾ ਬੁੱਢਾ ਸਾਹਿਬ ਦਾ ਮੇਲਾ ਵੇਖਣ ਆਏ ਸ਼ਰਧਾਲੂ ਸਵਾਰ ਸਨ। ਜ਼ਖ਼ਮੀਆਂ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਇਕ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਏ।

-----------------------------------------------------------------------------

ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਏ ਕਿ ਸੂਬੇ ਨੇ ਖੇਤੀਬਾੜੀ ਉਤਪਾਦਨ ਪੱਖੋਂ ਆਪਣੀ ਉਪਜ ਸਮਰੱਥਾ ਦਾ ਸਿਖਰ ਹਾਸਲ ਕਰ ਲਿਆ ਏ, ਹੁਣ ਸਾਨੂੰ ਅਨਾਜ ਦੀ ਗੁਣਵੱਤਾ ਸੁਧਾਰ ‘ਤੇ ਧਿਆਨ ਦੇਣ ਦੀ ਲੋੜ ਏ। ਮੋਹਾਲੀ ਵਿਚ ਕਰਵਾਏ ਗਏ ਖੇਤੀਬਾੜੀ ਸੈਮੀਨਾਰ ਵਿਚ ਬੋਲਦਿਆਂ ਉਨ੍ਹਾਂ ਨੇ ਕਿਹਾ ਕਿ “ਪੰਜਾਬ, ਦੇਸ਼ ਦੀ ਕੁੱਲ ਚੌਲ ਪੈਦਾਵਾਰ ਵਿਚ ਲਗਭਗ 24 ਫੀਸਦੀ ਅਤੇ ਕਣਕ ਦੀ ਪੈਦਾਵਾਰ ਵਿਚ 49 ਫੀਸਦੀ ਯੋਗਦਾਨ ਪਾਉਂਦਾ ਏ।” ਮੰਤਰੀ ਨੇ ਪੰਜਾਬ ਦੇ ਖੇਤੀ ਸਾਇੰਸਦਾਨਾਂ ਅਤੇ ਕਿਸਾਨਾਂ ਦੀ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀਆਂ ਕੋਸ਼ਿਸ਼ਾਂ ਕਰ ਕੇ, ਭਾਰਤ ਸਵੈ-ਨਿਰਭਰ ਖੁਰਾਕ ਪੈਦਾਵਾਰ ਵਾਲੇ ਦੇਸ਼ ਵਜੋਂ ਉਭਰਿਆ ਏ। ਸੈਮੀਨਾਰ ਵਿਚ ਵੱਡੀ ਗਿਣਤੀ ਵਿਚ ਕਿਸਾਨ, ਸਰਪੰਚ ਤੇ ਪੰਚ ਹਾਜ਼ਰ ਸਨ।

---

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਨਾਗਰਿਕ ਅਧਿਕਾਰ ਸੁਰੱਖਿਆ ਕਾਨੂੰਨ ਅਤੇ ਅਨੁਸੂਚਿਤ ਜਾਤੀਆਂ ਤੇ ਅਨੁਸੂਚਿਤ ਜਨਜਾਤੀਆਂ ਅੱਤਿਆਚਾਰ ਰੋਕਥਾਮ ਕਾਨੂੰਨ ਤਹਿਤ, ਵਿੱਤੀ ਸਾਲ 2025-26 ਦੌਰਾਨ ਪੀੜਤਾਂ ਤੇ ਲਾਭਪਾਤਰੀਆਂ ਨੂੰ ਇਕ ਕਰੋੜ 34 ਲੱਖ ਦੀ ਰਕਮ ਜਾਰੀ ਕੀਤੀ ਗਈ ਏ। ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਵਿਚ ਅੱਤਿਆਚਾਰ ਰੋਕਥਾਮ ਕਾਨੂੰਨ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਉਣ ਲਈ ਲਗਾਤਾਰ ਜਾਗਰੂਕਤਾ ਮੁਹਿੰਮਾਂ, ਸਖ਼ਤ ਨਿਗਰਾਨੀ ਤੇ ਤੇਜ਼ ਕਾਰਵਾਈ ਦੇ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਏ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਜਲੰਧਰ ਦੇ ਪੰਜਾਬ ਰੋਡਵੇਜ਼ ਡਿਪੂ-1 ਵਿਚ ਤਾਇਨਾਤ ਸੁਪਰਡੈਂਟ ਬਲਵੰਤ ਸਿੰਘ ਨੂੰ 40,000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਮੁਤਾਬਕ ਪੰਜਾਬ ਰੋਡਵੇਜ਼ ਦੇ ਸੇਵਾ ਮੁਕਤ ਡਰਾਈਵਰ ਨੇ ਸ਼ਿਕਾਇਤ ਦਿੱਤੀ ਸੀ ਕਿ ਮੁਲਜ਼ਮ ਸੁਪਰਡੈਂਟ ਉਸ ਦੀ ਸੇਵਾ ਮੁਕਤੀ ਤੋਂ ਪਹਿਲਾਂ ਦੇ ਬਕਾਇਆ ਤੇ ਹੋਰ ਬਿੱਲ ਤਿਆਰ ਕਰਨ ਦੇ ਬਦਲੇ 40,000

ਰੁਪਏ ਮੰਗ ਰਿਹਾ ਸੀ ਤੇ ਇਸ ਤੋਂ ਪਹਿਲਾਂ ਵੀ ਕਿਸ਼ਤਾਂ ਵਿਚ 1,54,000 ਰੁਪਏ ਹਾਸਿਲ ਕਰ ਚੁੱਕਾ ਸੀ। ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਜਲੰਧਰ ਰੇਂਜ ਦੀ ਵਿਜੀਲੈਂਸ ਟੀਮ ਨੇ ਸੁਪਰਡੈਂਟ ਬਲਵੰਤ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿਚ ਸ਼ਿਕਾਇਤਕਰਤਾ ਕੋਲੋਂ 40000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ ਏ।

--------------------------------------------------------------------------------